# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 08-10-2025**

ਦੇਸ਼ ਅੱਜ, ਹਵਾਈ ਫੌਜ ਦੀ 93ਵੀਂ ਵਰ੍ਹੇਗੰਢ ਮਨਾ ਰਿਹਾ ਏ । 8 ਅਕਤੂਬਰ 1932 ਨੂੰ ਸਥਾਪਿਤ, ਇਸ ਮਹੱਤਵਪੂਰਨ ਮੌਕੇ ਨੇ ਹਵਾਈ ਸ਼ਕਤੀ ਲਈ ਇਕ ਦ੍ਰਿਸ਼ਟੀਕੋਣ ਦੀ ਸ਼ੁਰੂਆਤ ਕੀਤੀ ਸੀ, ਜਿਸ ਨਾਲ ਆਉਣ ਵਾਲੇ ਦਹਾਕਿਆਂ ਵਿਚ ਦੇਸ਼ ਨੂੰ ਰੱਖਿਆ ਖੇਤਰ ਵਿਚ ਮਜ਼ਬੂਤੀ ਮਿਲੀ। ਇਸ ਮੌਕੇ 'ਤੇ ਰੱਖਿਆ ਸਟਾਫ ਦੇ ਮੁਖੀ ਜਨਰਲ ਅਨਿਲ ਚੌਹਾਨ, ਸੈਨਾ ਮੁਖੀ ਜਨਰਲ ਉਪੇਂਦਰ ਦਿਵੇਦੀ, ਜਲ ਸੈਨਾ ਮੁਖੀ, ਐਡਮਿਰਲ ਦਿਨੇਸ਼ ਕੇ. ਤ੍ਰਿਪਾਠੀ ਅਤੇ ਹਵਾਈ ਫੌਜ ਦੇ ਮੁਖੀ ਏਅਰ ਚੀਫ ਮਾਰਸ਼ਲ ਅਮਰਪ੍ਰੀਤ ਸਿੰਘ ਨੇ ਅੱਜ ਨਵੀਂ ਦਿੱਲੀ ਦੇ ਰਾਸ਼ਟਰੀ ਜੰਗੀ ਯਾਦਗਾਰ ਵਿਚ ਬਹਾਦਰਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਏਅਰ ਚੀਫ ਮਾਰਸ਼ਲ ਨੇ ਇਕ ਵੀਡੀਓ ਸੁਨੇਹੇ ਰਾਹੀਂ 93ਵੇਂ ਹਵਾਈ ਫੌਜ ਦਿਵਸ 'ਤੇ ਰਾਸ਼ਟਰ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ

Byte

ਇਸ ਮੌਕੇ ਉੱਤੇ ਰਾਸ਼ਟਰਪਤੀ ਦ੍ਰੌਪਦੀ ਮੁਰਮੂ, ਉਪ ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ,  ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਕੇਂਦਰੀ ਸੜਕੀ ਆਵਾਜਾਈ ਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਹਵਾਈ ਫੌਜ ਤੇ ਬਹਾਦਰ ਯੋਧਿਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ।

-------------------------------------------------------

ਸਰਦਾਰ ਵੱਲਭਭਾਈ ਪਟੇਲ ਦੀ 150ਵੀਂ ਜੈਅੰਤੀ ਮਨਾਉਣ ਲਈ, ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੱਲ੍ਹ ਚੰਡੀਗੜ੍ਹ ਵਿਚ 'ਸਰਦਾਰ@150 - ਏਕਤਾ ਮਾਰਚ' ਮੁਹਿੰਮ ਦੀ ਸ਼ੁਰੂਆਤ ਕੀਤੀ। ਇਹ ਮੁਹਿੰਮ 6 ਦਸੰਬਰ ਤੱਕ ਸਾਰੇ ਪੰਜਾਬ ਵਿਚ ਚੱਲੇਗੀ। ਇਸ ਵਿਚ ਰਚਨਾਤਮਕ ਮੁਕਾਬਲੇ ਤੇ ਜਾਗਰੂਕਤਾ ਮੁਹਿੰਮਾਂ ਸਮੇਤ ਕਈ ਰਾਸ਼ਟਰੀ ਗਤੀਵਿਧੀਆਂ ਸ਼ਾਮਲ ਨੇ । ਰਾਜਪਾਲ ਨੇ ਨੌਜਵਾਨਾਂ ਨੂੰ ਸਰਦਾਰ ਵੱਲਭਭਾਈ ਪਟੇਲ ਨੂੰ ਸਮਰਪਿਤ ਦੇਸ਼ ਵਿਆਪੀ ਅੰਦੋਲਨ ਦਾ ਹਿੱਸਾ ਬਣਨ ਲਈ mybharat.gov.in mega event 'ਤੇ ਰਜਿਸਟਰ ਕਰਨ

ਦੀ ਅਪੀਲ ਕੀਤੀ ਏ । ਸ੍ਰੀ ਕਟਾਰੀਆ ਨੇ 560 ਤੋਂ ਵੱਧ ਰਿਆਸਤਾਂ ਦੇ ਏਕੀਕਰਨ ਵਿਚ ਸਰਦਾਰ ਪਟੇਲ ਦੇ ਅਥਾਹ ਯੋਗਦਾਨ ਨੂੰ ਯਾਦ ਕੀਤਾ।

---------------------------------------------------------

ਸ੍ਰੀ ਅੰਮ੍ਰਿਤਸਰ ਸਾਹਿਬ ਦੇ ਬਾਨੀ ਚੌਥੀ ਪਾਤਸ਼ਾਹੀ ਸ੍ਰੀ ਗੁਰੂ ਰਾਮਦਾਸ ਜੀ ਦਾ 491ਵਾਂ ਪ੍ਰਕਾਸ਼ ਪੁਰਬ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਨਾਲ ਮਨਾਇਆ ਗਿਆ। ਦੇਸ਼ ਤੇ ਵਿਦੇਸ਼ਾਂ ਤੋਂ ਲੱਖਾਂ ਦੀ ਗਿਣਤੀ ਵਿਚ ਪੁੱਜੀ ਸੰਗਤ ਨੇ ਸ੍ਰੀ ਦਰਬਾਰ ਸਾਹਿਬ ਦੇ ਸਰੋਵਰ ਵਿਚ ਇਸ਼ਨਾਨ ਕੀਤਾ ਅਤੇ 4 ਤੋਂ 5 ਘੰਟੇ ਕਤਾਰਾਂ ਵਿਚ ਲੱਗ ਕੇ, ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਿਆ। ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਚ ਪਰਸੋਂ ਤੋਂ ਆਰੰਭੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਅੱਜ ਸਵੇਰੇ ਪਾਏ ਗਏ। ਬਾਅਦ ਵਿਚ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰਦੁਆਰਾ ਬਾਬਾ ਅੱਟਲ ਰਾਏ ਸਾਹਿਬ ਵਿਚ ਗੁਰੂ ਸਾਹਿਬਾਨ ਨਾਲ ਸਬੰਧਤ ਇਤਿਹਾਸਕ ਨਿਸ਼ਾਨੀਆਂ ਦੇ ਸਵੇਰੇ 8.30 ਵਜੇ ਤੋਂ 12 ਵਜੇ ਤਕ ਸੰਗਤ ਦੇ ਦਰਸ਼ਨਾਂ ਲਈ ਸਜਾਏ ਗਏ। ਸ਼ਾਮ ਵੇਲੇ ਸ੍ਰੀ

ਦਰਬਾਰ ਸਾਹਿਬ ਵਿਚ ਦੀਪਮਾਲਾ ਤੇ ਆਤਿਸ਼ਬਾਜੀ ਕੀਤੀ ਜਾਵੇਗੀ। ਇਸ ਬਾਰੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦੱਸਿਆ ...

byte

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸੰਗਤ ਨੂੰ ਚੌਥੇ ਪਾਤਸ਼ਾਹ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਏ।

---------------------------------------------------

ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਫਿਰੋਜ਼ਪੁਰ ਪੁਲਿਸ ਦੇ ਸੀ.ਆਈ.ਏ. ਸਟਾਫ ਨੇ ਪਾਕਿਸਤਾਨ-ਅਧਾਰਤ ਸੰਗਠਤ ਨਾਰਕੋ-ਹਵਾਲਾ ਸਿੰਡੀਕੇਟ ਦਾ ਪਰਦਾਫਾਸ਼ ਕੀਤਾ ਏ ਅਤੇ 5 ਕਿੱਲੋ ਤੋਂ ਵੱਧ ਹੈਰੋਇਨ ਤੇ 29 ਲੱਖ 16 ਹਜਾਰ 700 ਰੁਪਏ ਡਰੱਗ ਮਨੀ ਵਜੋਂ ਬਰਾਮਦ ਕੀਤੇ ਨੇ। ਪੁਲਿਸ ਸੂਤਰਾਂ ਮੁਤਾਬਕ ਪਾਕਿਸਤਾਨ ਰਹਿੰਦੇ ਬਦਨਾਮ ਤਸਕਰ ਨਾਲ ਜੁੜੇ ਦੋ ਮੁੱਖ ਹੈਂਡਲਰ ਸਾਜਨ ਅਤੇ ਰੇਸ਼ਮ ਨੂੰ

ਗ੍ਰਿਫ਼ਤਾਰ ਕੀਤਾ ਗਿਆ ਏ। ਇਹ ਦੋਵੇਂ ਜਣੇ ਫਿਰੋਜ਼ਪੁਰ ਤੇ ਆਸ-ਪਾਸ ਦੇ ਇਲਾਕਿਆਂ ਵਿਚ ਹੈਰੋਇਨ ਦੀਆਂ ਵੱਡੀਆਂ ਖੇਪਾਂ ਤੇ ਹਵਾਲਾ ਲੈਣ-ਦੇਣ ਦਾ ਪ੍ਰਬੰਧ ਕਰ ਰਹੇ ਸਨ। ਪੁਲਿਸ ਮੁਤਾਬਕ ਅਗਲੇਰੀ ਜਾਂਚ ਜਾਰੀ ਏ।

-----------------------------------------------------------------

ਪੰਜਾਬ ਵਿਚ ਬੀਤੇ ਦਿਨਾਂ ਤੋਂ ਮੀਂਹ ਪੈਣ ਕਾਰਨ ਸੂਬੇ ਦੇ ਘੱਟੋ-ਘੱਟ ਤਾਪਮਾਨ ਵਿਚ ਗਿਰਾਵਟ ਦਰਜ ਕੀਤੀ ਗਈ ਏ। ਮੌਸਮ ਵਿਭਾਗ ਮੁਤਾਬਕ ਔਸਤ ਘੱਟੋ-ਘੱਟ ਤਾਪਮਾਨ ਵਿਚ ਮਨਫੀ 2 ਡਿਗਰੀ ਸੈਲਸੀਅਸ ਦੀ ਗਿਰਾਵਟ ਆਈ ਏ, ਜਿਸ ਨਾਲ ਮੌਸਮ ਵਿਚ ਠੰਢਕ ਵੱਧ ਰਹੀ ਏ। ਅੱਜ ਸਵੇਰੇ ਦਰਜ ਕੀਤੇ ਗਏ ਘੱਟੋ-ਘੱਟ ਤਾਪਮਾਨ ਮੁਤਾਬਕ ਪਠਾਨਕੋਟ ਵਿਚ 14.9 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭ ਤੋਂ ਵੱਧ ਠੰਢਾ ਬਣਿਆ ਹੋਇਆ ਏ। ਜਦਕਿ ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ ਸਥਿਤ ਪਿੰਡ ਬੱਲੋਵਾਲ, ਰੋਪੜ ਤੇ ਮੋਹਾਲੀ ਵਿਚ ਘੱਟੋ-ਘੱਟ ਤਾਪਮਾਨ 15 ਡਿਗਰੀ ਸੈਲਸੀਅਸ ਤੋਂ ਵੱਧ ਦਰਜ ਕੀਤਾ ਗਿਆ । ਬਠਿੰਡਾ ਵਿਚ ਇਹ 19.9 ਡਿਗਰੀ ਸੈਲਸੀਅਸ ਦਰਜ ਹੋਇਆ

-------------------------------------------------------------------